## ਦਫਤਰ ਨਗਰ ਨਿਗਮ ਹੁਸ਼ਿਆਰਪੁਰ
## ਪ੍ਰੈਸ ਨੋਟ

# ਪ੍ਰਾਪਰਟੀ ਟੈਕਸ ਜਮ੍ਹਾ ਕਰਨ ਲਈ ਪ੍ਰਾਪਰਟੀ ਸ਼ਾਖਾ ਵਿਖੇ ਵਾਧੂ ਸਟਾਫ ਲਗਾਇਆ ਗਿਆ....ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ

ਹੁਸ਼ਿਆਰਪੁਰ 27 ਮਾਰਚ ਨਗਰ ਨਿਗਮ, ਹੁਸ਼ਿਆਰਪੁਰ ਦੀ ਪ੍ਰਾਪਰਟੀ ਸ਼ਾਖਾ ਵਿੱਚ ਪ੍ਰਾਪਰਟੀ ਟੈਕਸ ਜਮ੍ਹਾ ਕਰਵਾਉਣ ਲਈ ਆਉਣ ਵਾਲੇ ਸ਼ਹਿਰ ਦੇ ਪ੍ਰਾਪਰਟੀ ਮਾਲਕਾਂ ਦੀ ਭਾਰੀ ਭੀੜ ਨੂੰ ਦੇਖਦੇ ਹੋਏ ਪ੍ਰਾਪਰਟੀ ਟੈਕਸ ਜਮ੍ਹਾ ਕਰਨ ਲਈ ਵਾਧੂ ਸਟਾਫ ਦੀ ਡਿਊਟੀ ਲਗਾਈ ਗਈ ਹੈ ਤਾਂ ਜ਼ੋ ਸ਼ਹਿਰ ਵਾਸੀਆਂ ਆਪਣਾ ਪ੍ਰਾਪਰਟੀ ਟੈਕਸ ਜਮ੍ਹਾ ਕਰਾਉਣ ਲਈ ਕੋਈ ਦਿੱਕਤ ਪੇਸ਼ ਨਾ ਆਵੇ ਇਹ ਜਾਣਕਾਰੀ ਦਿੰਦਿਆਂ ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਦੱਸਿਆ ਕਿ ਨਗਰ ਨਿਗਮ ਦੀ ਪ੍ਰਾਪਰਟੀ ਸ਼ਾਖਾ ਵਿਖੇ 31 ਮਾਰਚ ਤੱਕ ਪ੍ਰਾਪਰਟੀ ਮਾਲਕ ਆਪਣਾ ਬਣਦਾ ਪ੍ਰਾਪਰਟੀ ਟੈਕਸ ਜਮ੍ਹਾ ਕਰਵਾਉਣ ਉਹਨਾਂ ਦੱਸਿਆ ਕਿ ਪ੍ਰਾਪਰਟੀ ਟੈਕਸ ਨਾ ਦੇਣ ਵਾਲੇ ਪ੍ਰਾਪਰਟੀ ਮਾਲਕਾਂ ਦੇ ਖਿਲਾਫ ਪ੍ਰਾਪਰਟੀ ਸੀਲ ਕਰਨ ਦੀ ਮੁਹਿੰਮ ਜਾਰੀ ਰਹੇਗੀ।